ਦਫਤਰ ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ ਨੰ. 2, ਲੋ.ਨਿ.ਵਿ., ਭ ਤੇ ਮ ਸ਼ਾਖਾ, ਪਟਿਆਲਾ,
ਚੌਥੀ ਮੰਜਿਲ, ਬਲਾਕ-ਸੀ, ਮਿਨੀ ਸਕੱਤਰੇਤ, ਪਟਿਆਲਾ।
**Email id : eepd2ptapwdpb@gmail.com Tel. No. 0175-5192970**

ਵੱਲ

Principal,
Patel Public School,
Rajpura Distt. Patiala.

ਮੀਮੋ ਨੰ. 7522 ਮਿਤੀ. 11/03/25

ਵਿਸ਼ਾ:- **ਸਕੂਲ ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਬਾਰੇ।**

ਹਵਾਲਾ:- ਆਪ ਦਾ ਬਿਨੈ ਪੱਤਰ ਨੰ. ਮਿਤੀ 20.02.2025

ਉਪਰੋਕਤ ਵਿਸ਼ੇ ਸਬੰਧੀ ਸਕੂਲ ਦਾ ਨਿਰੀਖਣ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ., ਭ ਤੇ ਮ ਸ਼ਾਖਾ, ਰਾਜਪੁਰਾ ਵੱਲੋਂ ਕੀਤਾ ਗਿਆ। ਉਨ੍ਹਾਂ ਦੀ ਰਿਪੋਰਟ ਅਨੁਸਾਰ ਸਕੂਲ ਬਿਲਡਿੰਗ ਵੇਖਣ ਵਿੱਚ ਸੁਰੱਖਿਅਤ ਜਾਪਦੀ ਹੈ ਅਤੇ ਆਮ ਵਰਤੋਂ ਲਈ ਦੁਰੱਸਤ ਹੈ। ਇਸ ਇਮਾਰਤ ਦਾ ਕਵਰਡ ਏਰੀਆ 10000 ਵ.ਫੁ. ਵ.ਫੁ. ਦੇ ਵਿਚਕਾਰ ਹੈ ਅਤੇ ਇਹ ਇਮਾਰਤ ਬਰਿੱਕ ਮੈਸਨਰੀ ਸਟਰੱਕਚਰ ਦੀ ਬਣੀ ਹੋਈ ਹੈ। ਉਪ ਮੰਡਲ ਇੰਜੀਨੀਅਰ ਵਲੋਂ ਸੇਫਟੀ ਸਰਟੀਫਿਕੇਟ ਛੇ ਸਾਲ (ਮਿਤੀ 01.04.20219 ਤੋਂ 31.03.2026) ਤੱਕ ਜਾਰੀ ਕਰਨ ਦੀ ਸਿਫਾਰਿਸ਼ ਕੀਤੀ ਗਈ ਹੈ। ਆਪ ਵੱਲੋਂ ਬਣਦੀ ਫੀਸ ਡੀ.ਡੀ ਨੰਬਰ: 607881 ਮਿਤੀ 10.03.2025 ਰਾਹੀਂ ਬਾਬਤ ਰਕਮ 1,05,000/- ਰੁ. ਜਮ੍ਹਾਂ ਕਰਵਾ ਦਿੱਤੀ ਗਈ ਹੈ।

ਇਸ ਲਈ ਇਹ ਸੇਫਟੀ ਸਰਟੀਫਿਕੇਟ ਆਪ ਨੂੰ ਪੱਤਰ ਜਾਰੀ ਹੋਣ ਦੀ ਮਿਤੀ ਤੋਂ ਮਿਤੀ 31.03.2026 ਤੱਕ ਹੇਠ ਲਿਖੀਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:-

1.) ਜੇ ਸਕੂਲ ਦੀ ਇਮਾਰਤ ਵਿੱਚ ਕਿਸੇ ਕਿਸਮ ਦੀ ਤਬਦੀਲੀ ਕੀਤੀ ਜਾਂਦੀ ਹੈ ਤਾਂ ਇਹ ਕੰਮ ਕਿਸੇ ਯੋਗ ਇੰਜੀਨੀਅਰ ਦੀ ਦੇਖ ਰੇਖ ਵਿੱਚ ਕਰਵਾਇਆ ਜਾਵੇ ਤੇ ਕੰਮ ਮੁਕੰਮਲ ਹੋਣ ਉਪਰੰਤ ਸਬੰਧਤ ਅਧਿਕਾਰੀ ਤੋਂ ਇਸ ਦਾ ਸਰਟੀਫਿਕੇਟ ਲਿਆ ਜਾਵੇ।

2.) ਜੇ ਬਿਲਡਿੰਗ ਹੜ੍ਹਾਂ ਜਾਂ ਕਿਸੇ ਹੋਰ ਕੁਦਰਤੀ ਆਫਤਾਂ ਤੋਂ ਪ੍ਰਭਾਵਿਤ ਹੁੰਦੀ ਹੈ ਤਾਂ ਤੁਰੰਤ ਹੀ ਇਸ ਨੂੰ ਵਿਭਾਗ ਤੋਂ ਦੁਬਾਰਾ ਚੈੱਕ ਕਰਵਾਇਆ ਜਾਵੇ।

3.) ਫਾਇਰ ਸੇਫਟੀ ਸਰਟੀਫਿਕੇਟ ਨਵੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ ਨਹੀਂ ਤਾਂ ਤੁਰੰਤ ਸਮੇਂ ਤੋਂ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸਟੇਸ਼ਨ ਅਫਸਰ ਦੀਆਂ ਸ਼ਰਤਾਂ ਮੁਤਾਬਕ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰ.2, ਲੋ.ਨਿ.ਵਿ.,
ਭ ਤੇ ਮ ਸ਼ਾਖਾ, ਪਟਿਆਲਾ।

ਪਿੱਠ ਅੰਕਣ ਨੰ. ਮਿਤੀ.

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ.ਨਿ.ਵਿ., ਭ ਤੇ ਮ ਸ਼ਾਖਾ, ਰਾਜਪੁਰਾ ਨੂੰ ਉਨ੍ਹਾਂ ਦੇ ਪੱਤਰ ਨੰ. 712 ਮਿਤੀ 04.02.2025 ਦੇ ਹਵਾਲੇ ਵਿੱਚ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ ਨੰ.2, ਲੋ.ਨਿ.ਵਿ.,
ਭ ਤੇ ਮ ਸ਼ਾਖਾ, ਪਟਿਆਲਾ।